ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2024666102/14 ਮਿਤੀ:ਐਸ.ਏ.ਐਸ ਨਗਰ: 25-09-2024

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ : SSA/HR/Transfer/ 2020/118750, ਮਿਤੀ 22-05-2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।

2.0 ਸਿੱਖਿਆ ਵਿਭਾਗ ਵੱਲੋਂ ਜਾਰੀ ਅਧਿਸੂਚਨਾਂ SED-EDU6021/2/2023-1f;6/30, ਮਿਤੀ 26-02-2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਅਧਿਆਪਕਾਂ ਨੂੰ ਬਦਲੀ ਲਈ ਮੌਕਾ ਦਿੱਤਾ ਜਾਂਦਾ ਹੈ। ਪ੍ਰਾਇਮਰੀ ਵਿੰਗ ਨਾਲ ਸਬੰਧਤ ਜੋ ਅਧਿਆਪਕ ਅਤੇ ਐਸੋਸੀਏਟ ਟੀਚਰ, ਐਸੋਸੀਏਟ ਪ੍ਰੀ ਪ੍ਰਾਇਮਰੀ ਟੀਚਰ, ਆਈ.ਈ.ਅਸਿਸਟੈਂਟ ਟੀਚਰ, ਸਿੱਖਿਆ ਪ੍ਰੋਵਾਈਡਰ, ਈ.ਜੀ.ਐਸ., ਏ.ਆਈ.ਈ, ਐਸ.ਟੀ.ਆਰ. ਵਲੰਟੀਅਰਜ, ਆਈ.ਈ. ਵਲੰਟੀਅਰਜ ਪਾਲਿਸੀ ਅਨੁਸਾਰ Exempted Category ਅਧੀਨ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਹ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 30-09-2024 ਤੋਂ 02-10-2024 ਤੱਕ Epunjabschoolportal ਤੇ ਆਪਣੇ employee login id ਤੇ Login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

3.0 ਉਕਤ ਅਨੁਸਾਰ ਅਪਲਾਈ ਕਰਨ ਸਮੇਂ ਅਧਿਆਪਕ ਆਪਣੀ Category ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ ਵਿਚਾਰਿਆ ਨਹੀਂ ਜਾਵੇਗਾ। Exempted Category ਦੇ ਸਰਟੀਫਿਕੇਟ/ਦਸਤਾਵੇਜ ਧਿਆਨਪੂਰਵਕ ਅਪਲੋਡ ਕੀਤੇ ਜਾਣ ਅਤੇ ਸਰਟੀਫਿਕੇਟ ਅਪਲੋਡ ਕਰਨ ਤੋਂ ਬਾਅਦ ਇੱਕ ਵਾਰ ਡਾਊਨਲੋਡ ਕਰਕੇ ਚੈੱਕ ਕੀਤਾ ਜਾਵੇ। ਜੇਕਰ ਸਰਟੀਫਿਕੇਟ ਡਾਊਨਲੋਡ ਨਹੀਂ ਹੁੰਦਾ ਤਾਂ ਦੂਜੀ ਵਾਰ ਸਹੀ ਤਰੀਕੇ ਨਾਲ ਸਰਟੀਫਿਕੇਟ /ਦਸਤਾਵੇਜ ਅਪਲੋਡ ਕੀਤਾ ਜਾਵੇ। ਇਸ ਸਬੰਧੀ ਬਦਲੀ ਲਈ ਬੇਨਤੀਆਂ ਕੇਵਲ ਆਨਲਾਈਨ ਹੀ ਵਿਚਾਰੀਆਂ ਜਾਣਗੀਆਂ, ਆਫਲਾਈਨ ਵਿਧੀ ਰਾਹੀਂ ਪ੍ਰਾਪਤ ਪ੍ਰਤੀਬੇਨਤੀਆਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

4.0 ਦਰਖਾਸਤ ਕਰਤਾਵਾ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-2 Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:-

(i) Update General Details

(ii) Update Results

(iii) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

5.0 ਅਧਿਆਪਕ ਜਿਨ੍ਹਾਂ ਨੇ ਵੱਖ-2 ਜੋਨਾਂ ਵਿੱਚ ਸੇਵਾ ਕੀਤੀ ਹੈ, ਉਹ ਡਾਟਾ Approve ਕਰਨ੍ਹ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-2 ਜੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ

ਗਈ ਕੁੱਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ। Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਨਹੀਂ ਵਿਚਾਰਿਆ ਜਾਵੇਗਾ।

6.0 ਬਦਲੀ ਸਬੰਧੀ ਦਰਖਾਸਤਾਂ ਵਿੱਚ ਭਰੇ ਗਏ ਡਾਟੇ ਨੂੰ Approve Data ਦਾ ਬਟਨ ਕਲਿੱਕ ਕਰਨ ਤੋਂ ਬਾਅਦ ਵੀ ਅੰਤਿਮ ਮਿਤੀ 02.10.2024 ਤੱਕ Data Editing ਜਿੰਨੀ ਵਾਰ ਮਰਜੀ ਕੀਤੀ ਜਾ ਸਕੇਗੀ। ਪ੍ਰੰਤੂ ਅੰਤਿਮ ਮਿਤੀ ਉਪਰੰਤ ਡਾਟੇ ਵਿੱਚ ਕੋਈ ਤਬਦੀਲੀ ਨਹੀਂ ਹੋ ਸਕੇਗੀ।

7.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

8.0 ਸਟੇਸ਼ਨ ਚੁਆਇਸ ਲੈਣ ਲਈ ਵੱਖਰੇ ਤੌਰ ਤੇ ਜਨਤਕ ਸੂਚਨਾ ਜਾਰੀ ਕੀਤੀ ਜਾਵੇਗੀ।

9.0 ਬਦਲੀਆਂ ਲਈ ਸਾਲ 2022-23 ਦੀ ACR ਵਿਚਾਰੀ ਜਾਵੇਗੀ। ਜੇਕਰ ਕਿਸੇ ਕਾਰਨ ਕਰਕੇ ਸਾਲ 2022-23 ਦੀ ਏ.ਸੀ.ਆਰ ਨਹੀਂ ਲਿਖੀ ਗਈ ਤਾਂ ਪਿਛਲੇ ਸਾਲ ਦੀ ਏ.ਸੀ.ਆਰ ਦੇ ਨੰਬਰ ਭਰੇ ਜਾਣ।

10.0 ਜੇਕਰ ਬਦਲੀ ਲਈ ਆਨਲਾਈਨ ਬੇਨਤੀ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਭਧ ਹੈ।

**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ),ਪੰਜਾਬ**